Punjab Government Gazette

Published by Authority

No. 49] CHANDIGARH, FRIDAY, DECEMBER 5, 2025 (AGRAHAYANA 14 , 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਸਥਾਨਕ ਸਰਕਾਰ ਵਿਭਾਗ

(ਸਥਾਨਕ ਸਰਕਾਰ-1 ਸ਼ਾਖਾ)

ਅਧਿਸੂਚਨਾ

ਮਿਤੀ 6 ਨਵੰਬਰ, 2025

ਨੰ: 14/26/2015-2ਸਸ1(ਪ:ਫ)/715.- ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ, ਇੰਡੀਅਨ ਕ੍ਰਿਸਚੀਅਨ ਮੈਰਿਜ਼ ਐਕਟ 1872 ਦੀ ਧਾਰਾ 07 ਤਹਿਤ ਸ਼੍ਰੀ ਮੱਤੀ ਮਸੀਹ ਪੁੱਤਰ ਖਜਾਨ ਮਸੀਹ, ਵਾਸੀ ਪਿੰਡ ਮਾਡਲ ਟਾਊਨ, ਤਹਿਸੀਲ ਭੁਲੱਥ, ਜਿਲ੍ਹਾਂ ਕਪੂਰਥਲਾ, ਪੰਜਾਬ ਨੂੰ ਕਪੂਰਥਲਾ ਸ਼ਹਿਰ ਅਤੇ ਆਸ-ਪਾਸ ਦੇ ਇਲਾਕੇ ਲਈ ਹੇਠ ਲਿਖੀਆਂ ਸ਼ਰਤਾਂ ਤਹਿਤ ਕ੍ਰਿਸਚੀਅਨ ਮੈਰਿਜ ਰਜਿਸਟਰਾਰ ਡੈਜੀਗਨੇਟ ਕਰਦੇ ਹਨ:-

ਸ਼ਰਤਾਂ: (ੳ) ਮੈਰਿਜ ਰਜਿਸਟਰਾਰ ਆਪਣੇ ਤੌਰ ਤੇ ਕੰਮ ਕਰੇਗਾ। ਉਸ ਵੱਲੋਂ ਸ਼ਾਦੀਆਂ ਦਾ ਰਿਕਾਰਡ ਤਿਆਰ ਕਰਨ ਅਤੇ ਸਾਂਭ ਸੰਭਾਲ ਤੇ ਆਉਣ ਵਾਲਾ ਖਰਚਾ ਆਪਣੇ ਪੱਧਰ ਤੇ ਕੀਤਾ ਜਾਵੇਗਾ ਅਤੇ ਸੇਵਾ ਦੀ ਭਾਵਨਾ ਰੱਖ ਕੇ ਕੰਮ ਕਰਨਾ ਪਵੇਗਾ। ਇਸ ਦੇ ਇਵਜ਼ ਵਿਚ ਉਸ ਨੂੰ ਸਰਕਾਰ ਵਲੋਂ ਕੋਈ ਮਾਣ ਭੇਟਾਂ ਨਹੀਂ ਦਿੱਤੀ ਜਾਵੇਗੀ।

(ਅ) ਮੈਰਿਜ਼ ਰਜਿਸਟਰਾਰ ਇੰਡੀਅਨ ਕ੍ਰਿਸਚੀਅਨ ਮੈਰਿਜ਼ ਐਕਟ, 1872 ਵਿਚ ਦਰਜ਼ ਪ੍ਰੋਵੀਜ਼ਨ ਅਨੁਸਾਰ ਕੰਮ ਕਰੇਗਾ ਅਤੇ ਨਿਯਮਾਂ ਦੀ ਇੰਨ-ਬਿੰਨ ਪਾਲਣਾ ਕਰੇਗਾ, ਕਿਸੇ ਵੀ ਕਿਸਮ ਦੀ ਉਣਤਾਈ ਸਬੰਧੀ ਅਤੇ ਜੇਕਰ ਕੋਈ ਮਾਮਲਾ ਕੋਰਟ ਵਿਚ ਚਲਾ ਜਾਂਦਾ ਹੈ ਤਾਂ ਉਹ ਅਜਿਹੇ ਮਾਮਲੇ ਵਿਚ ਆਪ ਜਵਾਬਦੇਹ ਹੋਵੇਗਾ। ਕੋਰਟ ਕੇਸ ਡਿਫੈਂਡ ਕਰਨ ਦਾ ਖਰਚਾ/ਫੀਸ ਆਦਿ ਸਰਕਾਰ ਵਲੋਂ ਨਹੀਂ ਦਿੱਤਾ ਜਾਵੇਗਾ।

2. ਇਹ ਹੁਕਮ ਹਾਜ਼ਰੀ ਦੀ ਮਿਤੀ ਤੋਂ ਲਾਗੂ ਹੋਣਗੇ।

ਤੇਜਵੀਰ ਸਿੰਘ, ਆਈ.ਏ.ਐਸ.
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ

ਚੰਡੀਗੜ੍ਹ
ਮਿਤੀ 30 ਅਕਤੂਬਰ, 2025

3571/12-2025/Pb. Govt. Press, S.A.S. Nagar